ਗੂਜਰੀ ਮਹਲਾ ੧ ਘਰੁ ੪ ੧ੴ ਸਤਿਗੁਰ ਪ੍ਰਸਾਦਿ ॥ ਭਗਤਿ ਪ੍ਰੇਮ ਆਰਾਧਿਤੰ ਸਚੁ ਪਿਆਸ ਪਰਮ ਹਿਤੰ ॥ ਬਿਲਲਾਪ ਬਿਲਲ ਬਿਨੰਤੀਆ ਸੁਖ ਭਾਇ ਚਿਤ ਹਿਤੰ ॥੧॥ ਜਪਿ ਮਨ ਨਾਮੁ ਹਰਿ ਸਰਣੀ ॥ ਸੰਸਾਰ ਸਾਗਰ ਤਾਰਿ ਤਾਰਣ ਰਮ ਨਾਮ ਕਰਿ ਕਰਣੀ ॥ ੧॥ ਰਹਾਉ ॥ ਏ ਮਨ ਮਿਰਤ ਸੁਭ ਚਿੰਤੰ ਗੁਰ ਸਬਦਿ ਹਰਿ ਰਮਣੰ ॥ ਮਤਿ ਤਤੁ ਗਿਆਨੰ ਕਲਿਆਣ ਨਿਧਾਨੰ ਹਰਿ ਨਾਮ ਮਨਿ ਰਮਣੰ ॥ ੨॥ ਚਲ ਚਿਤ ਵਿਤ ਭ੍ਰਮਾ ਭ੍ਰਮੰ ਜਗੁ ਮੋਹ ਮਗਨ ਹਿਤੰ ॥ ਥਿਰੁ ਨਾਮੁ ਭਗਤਿ ਦਿੜੰ ਮਤੀ ਗੁਰ ਵਾਕਿ ਸਬਦ ਰਤੰ ॥ ੩॥ ਭਰਮਾਤਿ ਭਰਮੁ ਨ ਚੂਕਈ ਜਗੁ ਜਨਮਿ ਬਿਆਧਿ ਖਪੰ ॥ ਅਸਥਾਨੁ ਹਰਿ ਨਿਹਕੇਵਲੰ ਸਤਿ ਮਤੀ ਨਾਮ ਤਪੰ ॥੪॥ ਇਹੁ ਜਗੁ ਮੋਹ ਹੇਤ ਬਿਆਪਿਤੰ ਦੁਖੁ ਅਧਿਕ ਜਨਮ ਮਰਣੰ ॥ ਭਜੁ ਸਰਣਿ ਸਤਿਗੁਰ ਊਬਰਹਿ ਹਰਿ ਨਾਮੁ ਰਿਦ ਰਮਣੰ ॥੫॥ ਗੁਰਮਤਿ ਨਿਹਚਲ ਮਨਿ ਮਨੁ ਮਨੰ ਸਹਜ ਬੀਚਾਰੰ ॥ ਸੋ ਮਨੁ ਨਿਰਮਲੁ ਜਿਤੁ ਸਾਚੁ ਅੰਤਰਿ ਗਿਆਨ ਰਤਨੁ ਸਾਰੰ ॥੬॥ ਭੈ ਭਾਇ ਭਗਤਿ ਤਰੁ ਭਵਜਲੁ ਮਨਾ ਚਿਤੁ ਲਾਇ ਹਰਿ ਚਰਣੀ ॥ ਹਰਿ ਨਾਮੁ ਹਿਰਦੈ ਪਵਿਤ੍ਰੁ ਪਾਵਨੁ ਇਹੁ ਸਰੀਰੁ ਤਉ ਸਰਣੀ ॥੭॥ ਲਬ ਲੋਭ ਲਹਰਿ ਨਿਵਾਰਣੰ ਹਰਿ ਨਾਮ ਰਾਸਿ ਮਨੰ ॥ ਮਨੁ ਮਾਰਿ ਤੁਹੀ ਨਿਰੰਜਨਾ ਕਹੁ ਨਾਨਕਾ ਸਰਨੰ ॥੮॥੧॥੫॥ {ਪੰਨਾ 505}

ਪਦਅਰਥ:- ਆਰਾਧਿਤੰ—ਆਰਾਧਿਆ (ਜਿਨ੍ਹਾਂ ਨੇ)। ਸਚੁ—ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਨੂੰ। ਪਿਆਸ—ਤਾਂਘ। ਪਰਮ—ਸਭ ਤੋਂ ਉੱਚੀ, ਬਹੁਤ ਉੱਚੀ। ਹਿਤੰ—ਪ੍ਰੇਮ। ਭਾਇ ਹਿਤੰ—ਪ੍ਰੇਮ-ਭਾਵ ਵਿਚ।1।

ਮਨ—ਹੇ ਮਨ! ਤਾਰਿ—ਬੇੜੀ, ਜਹਾਜ਼। ਰਮ ਨਾਮ—ਰਾਮ ਦਾ ਨਾਮ। ਕਰਣੀ—{krxoX} ਕਰਤੱਬ, ਜੀਵਨ ਦਾ ਨਿਸ਼ਾਨਾ।1। ਰਹਾਉ।

ਏ—ਹੇ! ਮਿਰਤ—ਮੌਤ, ਵਿਕਾਰਾਂ ਵਲੋਂ ਉਪਰਾਮਤਾ। ਸੁਭ ਚਿੰਤੰ—ਸ਼ੁਭਚਿੰਤਕ, ਸੁਖਦਾਈ। ਰਮਣੰ—ਸਿਮਰਨ। ਤਤੁ—ਜਗਤ ਦਾ ਮੂਲ-ਪ੍ਰਭੂ। ਗਿਆਨੰ—ਜਾਣ-ਪਛਾਣ, ਡੂੰਘੀ ਸਾਂਝ। ਕਲਿਆਣ—ਸੁਖ, ਆਨੰਦ।2।

ਚਲ ਚਿਤ—ਚਿੱਤ ਨੂੰ ਚੰਚਲ ਕਰਨ ਵਾਲਾ। ਵਿਤ—ਧਨ। ਭ੍ਰਮਾਭ੍ਰਮੰ—ਭਟਕਣਾ। ਮਗਨ—ਮਸਤ। ਗੁਰ ਵਾਕਿ—ਗੁਰੂ ਦੇ ਸ਼ਬਦ ਦੀ ਰਾਹੀਂ। ਦਿੜੰ—ਪੱਕੀ (ਕਰ ਲਈ ਹੈ)। ਮਤੀ—ਅਕਲ, ਸਮਝ।3।

ਭਰਮਾਤਿ—ਭਟਕਦਾ ਹੈ। ਭਰਮੁ—ਭਟਕਣ। ਜਨਮਿ—ਜਨਮ (-ਮਰਨ) ਵਿਚ। ਬਿਆਧਿ—ਰੋਗ। ਖਪੰ—ਖ਼ੁਆਰ ਹੁੰਦਾ ਹੈ। ਨਿਹਕੇਵਲੰ—ਵਾਸਨਾ-ਰਹਿਤ। ਸਤਿ—ਸਦਾ-ਥਿਰ।4।

ਬਿਆਪਿਤੰ—ਦਬਾਇਆ ਹੋਇਆ, ਦਬਾ ਹੇਠ। ਅਧਿਕ—ਬਹੁਤ। ਊਬਰਹਿ—ਤੂੰ ਬਚੇਂਗਾ।5।

ਨਿਹਚਲ—ਅਟੱਲ। ਮਨਿ—ਮਨ ਵਿਚ (ਧਾਰਨ ਕਰ)। ਮਨੰ—ਮੰਨ ਜਾਇਗਾ, ਗਿੱਝ ਜਾਇਗਾ। ਸਹਜ—ਅਡੋਲ ਆਤਮਕ ਅਵਸਥਾ। ਜਿਤੁ—ਜਿਸ ਵਿਚ। ਸਾਰੰ—ਸ੍ਰੇਸ਼ਟ।6।

ਭੈ—(ਪਰਮਾਤਮਾ ਦੇ) ਡਰ ਵਿਚ। ਭਾਇ—(ਪਰਮਾਤਮਾ ਦੇ) ਪ੍ਰੇਮ ਵਿਚ। ਤਰੁ—ਪਾਰ ਲੰਘ। ਭਵਜਲੁ—ਸੰਸਾਰ-ਸਮੁੰਦਰ। ਲਾਇ—ਜੋੜ। ਪਾਵਨੁ—ਪਵਿਤ੍ਰ। ਤਉ—ਤੇਰੀ।7।

ਨਿਵਾਰਣੰ—ਦੂਰ ਕਰਨ ਦੇ ਸਮਰੱਥ। ਰਾਸਿ—ਸਰਮਾਇਆ। ਮਨੰ—ਮਨ ਵਿਚ। ਨਿਰੰਜਨਾ—ਹੇ ਨਿਰੰਜਨ! ਹੇ ਮਾਇਆ-ਰਹਿਤ ਪ੍ਰਭੂ!।8।

ਅਰਥ:- ਹੇ ਮਨ! ਪਰਮਾਤਮਾ ਦਾ ਨਾਮ ਜਪ, ਪਰਮਾਤਮਾ ਦੀ ਓਟ ਫੜ। ਪਰਮਾਤਮਾ ਦੇ ਨਾਮ ਨੂੰ ਜੀਵਨ ਦਾ ਮਨੋਰਥ ਬਣਾ। ਇਹ ਨਾਮ ਸੰਸਾਰ-ਸਮੁੰਦਰ ਤੋਂ ਪਾਰ ਲੰਘਾਣ ਲਈ ਜਹਾਜ਼ ਹੈ।1। ਰਹਾਉ।

ਜੇਹੜੇ ਮਨੁੱਖ ਪਰਮਾਤਮਾ ਦੀ ਭਗਤੀ ਕਰਦੇ ਹਨ, ਸਦਾ-ਥਿਰ ਪ੍ਰਭੂ ਨੂੰ ਪ੍ਰੇਮ ਨਾਲ ਆਰਾਧਦੇ ਹਨ, ਉਹਨਾਂ ਦੇ ਅੰਦਰ ਪ੍ਰਭੂ-ਪ੍ਰੇਮ ਦੀ ਤੀਬਰ ਖਿੱਚ ਬਣੀ ਰਹਿੰਦੀ ਹੈ, ਉਹ (ਪ੍ਰਭੂ ਦੇ ਦਰ ਤੇ ਹੀ) ਹਾੜੇ-ਤਰਲੇ ਕਰਦੇ ਹਨ ਬੇਨਤੀਆਂ ਕਰਦੇ ਹਨ, ਉਹਨਾਂ ਦੇ ਚਿੱਤ ਪ੍ਰਭੂ ਦੇ ਪ੍ਰੇਮ ਪਿਆਰ ਵਿਚ (ਮਗਨ ਰਹਿੰਦੇ ਹਨ) ਤੇ ਉਹ ਆਤਮਕ ਆਨੰਦ ਮਾਣਦੇ ਹਨ।1।

ਹੇ ਮਨ! ਗੁਰੂ ਦੇ ਸ਼ਬਦ ਵਿਚ (ਟਿਕ ਕੇ) ਪਰਮਾਤਮਾ ਦਾ ਸਿਮਰਨ ਕਰ, ਤੇ (ਵਿਕਾਰਾਂ ਵਲੋਂ ਉਪਰਾਮ ਹੋ), ਵਿਕਾਰਾਂ ਵਲੋਂ ਮੌਤ (ਜੀਵਨ ਵਾਸਤੇ) ਸੁਖਦਾਈ ਹੈ। ਜੇਹੜੇ ਮਨੁੱਖ ਪਰਮਾਤਮਾ ਦਾ ਨਾਮ ਮਨ ਵਿਚ ਸਿਮਰਦੇ ਹਨ ਉਹਨਾਂ ਦੀ ਮਤਿ ਜਗਤ-ਮੂਲ ਪ੍ਰਭੂ ਨਾਲ ਡੂੰਘੀ ਸਾਂਝ ਪਾ ਲੈਂਦੀ ਹੈ, ਉਹਨਾਂ ਨੂੰ ਸੁਖਾਂ ਦਾ ਖ਼ਜ਼ਾਨਾ ਪ੍ਰਭੂ ਮਿਲ ਪੈਂਦਾ ਹੈ।2।

(ਦੁਨੀਆ ਦਾ) ਧਨ (ਮਨੁੱਖ ਦੇ) ਮਨ ਨੂੰ ਚੰਚਲ ਬਣਾਂਦਾ ਹੈ ਤੇ ਭਟਕਣਾ ਪੈਦਾ ਕਰਦਾ ਹੈ, (ਪਰ) ਜਗਤ (ਇਸ ਧਨ ਦੇ) ਮੋਹ ਵਿਚ ਪ੍ਰੇਮ ਵਿਚ ਮਸਤ ਰਹਿੰਦਾ ਹੈ। ਪਰਮਾਤਮਾ ਦੇ ਭਗਤ (ਆਪਣੀ) ਸਮਝ ਵਿਚ (ਇਹ ਨਿਸਚਾ) ਪੱਕਾ ਕਰ ਲੈਂਦੇ ਹਨ ਕਿ ਪਰਮਾਤਮਾ ਦਾ ਨਾਮ (ਹੀ) ਸਦਾ ਕਾਇਮ ਰਹਿਣ ਵਾਲਾ ਹੈ। ਉਹ ਗੁਰੂ ਦੇ ਸ਼ਬਦ ਵਿਚ ਟਿਕ ਕੇ ਸਿਫ਼ਤਿ-ਸਾਲਾਹ ਵਿਚ ਰੱਤੇ ਰਹਿੰਦੇ ਹਨ।3।

ਜਗਤ (ਮਾਇਆ ਦੇ ਮੋਹ ਦੇ ਕਾਰਨ) ਜਨਮ ਮਰਨ ਦੇ ਰੋਗ ਵਿਚ ਖ਼ੁਆਰ ਹੁੰਦਾ ਰਹਿੰਦਾ ਹੈ, ਭਟਕਦਾ ਰਹਿੰਦਾ ਹੈ, (ਇਸ ਦੀ ਮਾਇਆ ਵਾਲੀ) ਭਟਕਣਾ ਮੁੱਕਦੀ ਨਹੀਂ। ਹੇ ਮਨ! ਪਰਮਾਤਮਾ ਦੀ ਸਰਨ ਹੀ ਐਸਾ ਥਾਂ ਹੈ ਜੋ ਮਾਇਆ ਦੇ ਮੋਹ ਤੋਂ ਉਪਰਾਮ ਕਰਦਾ ਹੈ, ਪਰਮਾਤਮਾ ਦੇ ਨਾਮ ਦਾ ਤਪ ਹੀ ਸਹੀ ਸਮਝ ਹੈ।4।

ਇਹ ਜਗਤ ਮਾਇਆ ਦੇ ਮੋਹ ਵਿਚ ਫਸਿਆ ਹੋਇਆ ਹੈ, ਇਸ ਵਾਸਤੇ ਇਸ ਨੂੰ ਜਨਮ ਮਰਨ ਦਾ ਬਹੁਤ ਦੁੱਖ ਲੱਗਾ ਰਹਿੰਦਾ ਹੈ। (ਹੇ ਭਾਈ!) ਤੂੰ ਪਰਮਾਤਮਾ ਦਾ ਨਾਮ ਹਿਰਦੇ ਵਿਚ ਸਿਮਰ, ਸਤਿਗੁਰੂ ਦੀ ਸਰਨ ਪਉ, (ਤਦੋਂ ਹੀ) ਤੂੰ (ਜਨਮ ਮਰਨ ਦੇ ਗੇੜ ਤੋਂ) ਬਚ ਸਕੇਂਗਾ।5।

ਜੋ ਮਨੁੱਖ ਆਪਣੇ ਮਨ ਵਿਚ ਗੁਰੂ ਦੀ ਸਿੱਖਿਆ ਪੱਕੇ ਤੌਰ ਤੇ ਧਾਰਨ ਕਰ ਲੈਂਦਾ ਹੈ, ਉਸ ਦਾ ਮਨ ਅਡੋਲ ਆਤਮਕ ਅਵਸਥਾ ਦੀ ਵਿਚਾਰ ਵਿਚ ਗਿੱਝ ਜਾਂਦਾ ਹੈ (ਭਾਵ, ਉਹ ਸਦਾ ਇਹ ਖ਼ਿਆਲ ਰੱਖਦਾ ਹੈ ਕਿ ਮਨ ਮਾਇਆ ਦੀ ਭਟਕਣਾ ਵਲੋਂ ਹਟ ਕੇ ਪ੍ਰਭੂ ਦੇ ਨਾਮ ਦੀ ਇਕਾਗ੍ਰਤਾ ਵਿਚ ਟਿਕਿਆ ਰਹੇ)। ਜਿਸ ਮਨ ਵਿਚ ਸਦਾ-ਥਿਰ ਪ੍ਰਭੂ ਟਿਕ ਜਾਏ ਉਹ ਮਨ ਪਵਿਤ੍ਰ ਹੋ ਜਾਂਦਾ ਹੈ, ਉਸ ਦੇ ਅੰਦਰ ਪ੍ਰਭੂ-ਗਿਆਨ ਦਾ ਸ੍ਰੇਸ਼ਟ ਰਤਨ ਮੌਜੂਦ ਰਹਿੰਦਾ ਹੈ।6।

ਹੇ (ਮੇਰੇ) ਮਨ! ਪਰਮਾਤਮਾ ਦੇ ਡਰ-ਅਦਬ ਵਿਚ ਰਹੁ, ਪ੍ਰਭੂ ਦੇ ਪਿਆਰ ਵਿਚ ਰਹੁ, ਪ੍ਰਭੂ ਦੀ ਭਗਤੀ ਕਰ, ਪ੍ਰਭੂ ਦੇ ਚਰਨਾਂ ਵਿਚ ਸੁਰਤਿ ਜੋੜ, ਇਸ ਤਰ੍ਹਾਂ ਸੰਸਾਰ-ਸਮੁੰਦਰ ਤੋਂ ਪਾਰ ਲੰਘ। (ਹੇ ਭਾਈ!) ਪਰਮਾਤਮਾ ਦਾ ਪਵਿਤ੍ਰ ਨਾਮ ਆਪਣੇ ਹਿਰਦੇ ਵਿਚ (ਰੱਖ ਤੇ ਪ੍ਰਭੂ ਅੱਗੇ ਇਉਂ ਅਰਦਾਸ ਕਰ—ਹੇ ਪ੍ਰਭੂ!) ਮੇਰਾ ਇਹ ਸਰੀਰ ਤੇਰੀ ਸਰਨ ਹੈ (ਭਾਵ, ਮੈਂ ਤੇਰੀ ਸਰਨ ਆਇਆ ਹਾਂ)।7।

ਹੇ ਨਾਨਕ! ਪਰਮਾਤਮਾ ਦਾ ਨਾਮ (ਆਤਮਕ ਜੀਵਨ ਦਾ ਸਰਮਾਇਆ ਹੈ, ਇਸ) ਸਰਮਾਏ ਨੂੰ ਆਪਣੇ ਮਨ ਵਿਚ ਸਾਂਭ ਕੇ ਰੱਖ, ਇਹ ਲੱਬ ਤੇ ਲੋਭ ਦੀਆਂ ਲਹਿਰਾਂ ਨੂੰ ਦੂਰ ਕਰਨ ਦੇ ਸਮਰੱਥ ਹੈ। ਆਪਣੇ ਮਨ ਨੂੰ (ਲਬ ਲੋਭ ਵਲੋਂ) ਕਾਬੂ ਕਰ ਕੇ ਰੱਖ, ਤੇ ਆਖ—ਹੇ ਨਿਰੰਜਨ! ਮੈਂ ਤੇਰੀ ਸਰਨ ਆਇਆ ਹਾਂ।8।1।5।

ਨੋਟ:- ਪਹਿਲੀਆਂ 4 ਅਸ਼ਟਪਦੀਆਂ “ਘਰੁ 1” ਦੀਆਂ ਸਨ। ਇਹ ਅਸ਼ਟਪਦੀ “ਘਰੁ 4” ਦੀ ਹੈ। ਅਖ਼ੀਰਲੇ ਅੰਕ 1 ਦਾ ਇਹੀ ਭਾਵ ਹੈ। ਅੰਕ 5 ਦੱਸਦਾ ਹੈ ਕਿ ਗੁਰੂ ਨਾਨਕ ਸਾਹਿਬ ਦੀਆਂ ਕੁੱਲ ਪੰਜ ਅਸ਼ਟਪਦੀਆਂ ਹਨ।